ਵਲੋਂ

ਡਾਇਰੇਕਟਰ

ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ

ਤਕਨੀਕੀ ਸਿਖਿਆ ਵਿੰਗ)ਪੰਜਾਬ, ਚੰਡੀਗੜ੍ਹ।

ਸੇਵਾ ਵਿੱਚ

ਪ੍ਰਿੰਸੀਪਲ

1 ਸਾਰੀਆਂ ਸਰਕਾਰੀ/ਪ੍ਰਾਇਵੇਟ/ਏਡਿਡ ਬਹੁਤਕਨੀਕੀਆਂ ਸੰਸਥਾਵਾਂ

2 ਸਾਰੀਆਂ ਸਰਕਾਰੀ/ਪ੍ਰਾਇਵੇਟ/ ਇੰਜ ਕਾਲਜਾਂ

3 ਸਾਰੀਆਂ ਸਰਕਾਰੀ/ਪ੍ਰਾਇਵੇਟ/ ਆਈ ਟੀ ਆਈ ਸੰਸਥਾਵਾਂ

ਮੀਮੋ ਨੰ: 847 / ਟੈਕ2 ਮਿਤੀ 2-8-2021

ਵਿਸ਼ਾ:- ਪੰਜਾਬ ਪੁਲਿਸ ਵਿੱਚ ਭਰਤੀ ਪ੍ਰੀਖਿਆ ਦੇ ਮੰਤਵ ਲਈ ਸਰਕਾਰੀ ਤੇ ਨਿੱਜੀ ਡਿਗਰੀ ਕਾਲਜਾਂ ਤਕਨੀਕੀ ਸਿੱਖਿਆ ਸੰਸਥਾਵਾਂ, ਇੰਜਨੀਅਰਿੰਗ ਕਾਲਜਾਂ, ਬਹੁਤਕਨੀਕੀ ਕਾਲਜਾਂ, ਆਈ ਟੀ ਆਈ ਅਤੇ ਸਰਕਾਰੀ/ ਨਿਜੀ ਸਕੂਲਾਂ ਦੀਆਂ ਇਮਾਰਤਾਂ ਮੁਹਈਆਂ ਕਰਵਾਉਣ ਸਬੰਧੀ।

ਇਸ ਰਾਹੀਂ ਆਪ ਨੂੰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ (ਗ੍ਰਹਿ ਸਾਖਾ-5 ਸਾਖਾ) ਦਾ ਮੀਮੋ ਨੰ:16/34/2021-4ਗ5/ 2600 ਮਿਤੀ: 15-07-2021 (ਕਾਪੀ ਨੱਥੀ) ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਗੁਰਪ੍ਰੀਤ ਸਿੰਘ ਥਿੰਦ, ਪੀ.ਸੀ.ਐਸ
ਸੰਯੁਕਤ ਡਾਇਰੈਕਟਰ, (ਪ੍ਰਸ਼ਾਸਨ)

ਪਿੱਠ ਅੰਕਣ ਨੰ: /ਟੰਡਕਟ ਮਿਤੀ:

ਉਪਰੋਕਤ ਦਾ ਉਤਾਰ ਹੇਠ ਲਿਖਿਆ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

1 ਪ੍ਰਮੁੱਖ ਸਕੱਤਰ , ਪੰਜਾਬ ਸਰਕਾਰ, ਤਕਨੀਕੀ ਸਿਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ, ਚੰਡੀਗੜ੍ਹ,।

2 ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਗ੍ਰਹਿ -5 ਸ਼ਾਖਾ

3 ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।

4 ਪੀ.ਏ.ਟੂ. ਡਾਇਰੈਕਟਰ

ਗੁਰਪ੍ਰੀਤ ਸਿੰਘ ਥਿੰਦ, ਪੀ.ਸੀ.ਐਸ
ਸੰਯੁਕਤ ਡਾਇਰੈਕਟਰ, (ਪ੍ਰਸ਼ਾਸਨ)

ਪੰਜਾਬ ਸਰਕਾਰ

ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ

(ਗ੍ਰਹਿ-5 ਸ਼ਾਖਾ)

ਸੇਵਾ ਵਿਖੇ

ਡਾਇਰੈਕਟਰ ਜਨਰਲ ਆਫ ਪੁਲਿਸ,

ਪੰਜਾਬ, ਚੰਡੀਗੜ੍ਹ।

ਮੀਮੋ ਨੰ:16/34/2021-4ਗ5/2000. ਮਿਤੀ: 15-07-2021

ਵਿਸ਼ਾ:- ਪੰਜਾਬ ਪੁਲਿਸ ਵਿੱਚ ਭਰਤੀ ਪ੍ਰੀਖਿਆ ਦੇ ਮੰਤਵ ਲਈ ਸਰਕਾਰੀ ਤੇ ਨਿੱਜੀ ਡਿਗਰੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਆਈ.ਟੀ.ਆਈ. ਅਤੇ ਸਰਕਾਰੀ/ਨਿੱਜੀ ਸਕੂਲਾਂ ਦੀਆਂ ਇਮਾਰਤਾਂ ਮੁਹੱਈਆ ਕਰਵਾਉਣ ਸਬੰਧੀ।

****

ਉਪਰਕੋਤ ਵਿਸ਼ੇ ਦੇ ਸਬੰਧ ਵਿੱਚ।

2. ਆਮ ਤਾਲਮੇਲ ਸ਼ਾਖਾ, ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਪ੍ਰਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਅਤੇ ਸਕੱਤਰ, ਸਕੂਲ ਸਿੱਖਿਆ ਵਿਭਾਗ ਨੂੰ ਲਿਖਿਆ ਗਿਆ ਹੈ ਕਿ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ ਵੱਲੋਂ ਪੰਜਾਬ ਪੁਲਿਸ ਵਿੱਚ ਲਗਭਗ 10387 ਪੋਸਟਾਂ ਦੀ ਭਰਤੀ ਲਈ 25-26 ਸਤੰਬਰ 2021 ਨੂੰ ਲਿਖਤੀ ਪ੍ਰੀਖਿਆ ਕਰਵਾਉਣ ਦਾ ਪ੍ਰੋਗਰਾਮ ਹੈ, ਜਿਸ ਵਿੱਚ ਲਗਭਗ 8 ਲੱਖ ਉਮੀਦਵਾਰਾਂ ਦੇ ਭਾਗ ਲੈਣ ਦੀ ਉਮੀਦ ਹੈ। ਕੋਵਿਡ ਮਹਾਂਮਾਰੀ ਦੇ ਮੱਦੇਨਜਰ ਸਮਾਜਿਕ ਦੂਰੀ ਬਣਾਏ ਰੱਖਣ ਲਈ ਸਾਰੇ ਜਿਲ੍ਹਿਆਂ ਵਿੱਚ ਪ੍ਰੀਖਿਆ ਕੇਂਦਰ ਬਣਾਉਣ ਵਾਸਤੇ ਬਹੁਤ ਸਾਰੀਆਂ ਇਮਾਰਤਾਂ ਦੀ ਜਰੂਰਤ ਹੈ। ਪੰਜਾਬ ਰਾਜ ਅੰਦਰ ਵਿੱਦਿਅਕ ਸੰਸਥਾਵਾਂ, ਸਰਕਾਰੀ ਅਤੇ ਨਿੱਜੀ ਡਿਗਰੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਆਈ.ਟੀ.ਆਈ. ਅਤੇ ਸਰਕਾਰੀ/ਨਿੱਜੀ ਸਕੂਲਾਂ ਦੀਆਂ ਬਹੁਤ ਸਾਰੀਆਂ ਇਮਾਰਤਾਂ ਉਪਲੱਬਧ ਹਨ। ਇਸ ਦੇ ਮੱਦੇਨਜ਼ਰ ਆਪਣੇ ਵਿਭਾਗਾਂ ਦੇ ਅਧੀਨ ਆਉਂਦੇ ਸਮੂਹ ਸਰਕਾਰੀ ਅਤੇ ਨਿੱਜੀ ਵਿੱਦਿਅਕ ਅਦਾਰਿਆਂ/ਸਕੂਲਾਂ ਦੀਆਂ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਨੂੰ ਮਿਤੀ 18.09.2021 ਤੋਂ 27.09.2021 ਤੱਕ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਨੂੰ ਮੁਹੱਈਆ ਕਰਵਾਉਣ ਲਈ ਯੋਗ ਹਦਾਇਤਾਂ ਜਾਰੀ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ।

3. ਪ੍ਰਾਪਤ ਪੱਤਰ ਦੀ ਕਾਪੀ ਆਪ ਨੂੰ ਤੁਰੰਤ ਲੋੜੀਂਦੀ ਕਾਰਵਾਈ ਹਿੱਤ ਭੇਜੀ ਜਾਂਦੀ ਹੈ।

ਸੁਪਰਡੰਟ

ਉਤਾਰਾ ਪ੍ਰਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਅਤੇ ਸਕੱਤਰ, ਸਕੂਲ ਸਿੱਖਿਆ ਵਿਭਾਗ ਜੀ ਨੂੰ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਸਬੰਧੀ ਯੋਗ ਹਦਾਇਤਾਂ ਕਰਨ ਦੀ ਖੇਚਲ ਕੀਤੀ ਜਾਵੇ ਜੀ।

ਸੁਪਰਡੰਟ

ਸੇਵਾ ਵਿਖੇ

1) ਪ੍ਰਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ।
2) ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ।
3) ਸਕੱਤਰ, ਸਕੂਲ ਸਿੱਖਿਆ ਵਿਭਾਗ

ਅੰ:ਵਿ:ਪੱ:ਨੰ:16/34/2021-4ਗ5/2001-2003 ਮਿਤੀ: 15-07-2021

No.GAD-CORD0MISC/60/2020-GC2

I/204057/202

ਪੰਜਾਬ ਸਰਕਾਰ
ਆਮ ਰਾਜ ਪ੍ਰਬੰਧ ਵਿਭਾਗ
(ਆਮ ਤਾਲਮੇਲ ਸ਼ਾਖਾ)

ਮਿਤੀ, ਚੰਡੀਗੜ੍ਹ: 30-06-2021

ਵਿਸ਼ਾ:- ਪੰਜਾਬ ਪੁਲਿਸ ਵਿੱਚ ਭਰਤੀ ਪ੍ਰੀਖਿਆ ਦੇ ਮੰਤਵ ਲਈ ਸਰਕਾਰੀ ਅਤੇ ਨਿੱਜੀ ਡਿਗਰੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਆਈ.ਟੀ.ਆਈ ਅਤੇ ਸਰਕਾਰੀ / ਨਿੱਜੀ ਸਕੂਲਾਂ ਦੀਆਂ ਇਮਾਰਤਾਂ ਮੁਹੱਈਆ ਕਰਵਾਉਣ ਸਬੰਧੀ।

*****

ਪ੍ਰਮੁੱਖ ਸਕੱਤਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪ੍ਰਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਅਤੇ ਸਕੱਤਰ, ਸਕੂਲ ਸਿੱਖਿਆ ਵਿਭਾਗ ਕਿਰਪਾ ਕਰਕੇ ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਜੀ।

2 ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਪੰਜਾਬ ਵੱਲੋਂ ਪੰਜਾਬ ਪੁਲਿਸ ਵਿੱਚ ਲੱਗਭਗ 10387 ਪੋਸਟਾਂ ਦੀ ਭਰਤੀ ਲਈ ਮਿਤੀ 25-26 ਸਤੰਬਰ 2021 ਨੂੰ ਲਿਖਤੀ ਪ੍ਰੀਖਿਆ ਕਰਵਾਉਣ ਦਾ ਪ੍ਰੋਗਰਾਮ ਹੈ, ਜਿਸ ਵਿੱਚ ਲੱਗਭਗ 8 ਲੱਖ ਉਮੀਦਵਾਰਾਂ ਦੇ ਭਾਗ ਲੈਣ ਦੀ ਉਮੀਦ ਹੈ। ਕੋਵਿਡ ਮਹਾਂਮਾਰੀ ਦੇ ਮੱਦੇਨਜ਼ਰ ਸਮਾਜਿਕ ਦੂਰੀ ਬਣਾਏ ਰੱਖਣ ਲਈ ਸਾਰੇ ਜਿਲ੍ਹਿਆ ਵਿੱਚ ਪ੍ਰੀਖਿਆ ਕੇਂਦਰ ਬਨਾਉਣ ਵਾਸਤੇ ਬਹੁਤ ਸਾਰੀਆਂ ਇਮਾਰਤਾਂ ਦੀ ਜਰੂਰਤ ਹੈ।

3. ਪੰਜਾਬ ਰਾਜ ਅੰਦਰ ਵਿਦਿਅਕ ਸੰਸਥਾਵਾਂ, ਸਰਕਾਰੀ ਅਤੇ ਨਿੱਜੀ ਡਿਗਰੀ ਕਾਲਜਾਂ, ਤਕਨੀਕੀ ਸਿੱਖਿਆ ਸੰਸਥਾਵਾਂ, ਇੰਜੀਨੀਅਰਿੰਗ ਕਾਲਜਾਂ, ਬਹੁ-ਤਕਨੀਕੀ ਕਾਲਜਾਂ, ਆਈ.ਟੀ.ਆਈ ਅਤੇ ਸਰਕਾਰੀ / ਨਿੱਜੀ ਸਕੂਲਾਂ ਦੀਆਂ ਬਹੁਤ ਸਾਰੀਆ ਇਮਾਰਤਾਂ ਉਪਲੱਬਧ ਹਨ । ਇਸ ਦੇ ਮੱਦੇਨਜ਼ਰ ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਵਿਭਾਗਾਂ ਅਧੀਨ ਆਉਂਦੇ ਸਮੂਹ ਸਰਕਾਰੀ ਅਤੇ ਨਿੱਜੀ ਵਿਦਿਅਕ ਅਦਾਰਿਆਂ/ਸਕੂਲਾਂ ਦੀਆਂ ਇਮਾਰਤਾਂ ਅਤੇ ਬੁਨਿਆਦੀ ਢਾਂਚੇ ਨੂੰ ਮਿਤੀ 18-09-2021 ਤੋਂ 27-09-2021 ਤੱਕ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਨੂੰ ਮੁਹੱਈਆ ਕਰਵਾਉਣ ਲਈ ਯੋਗ ਹਦਾਇਤਾਂ ਜਾਰੀ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ।

(ਸੀਮਾ ਸਿੰਘ) 30/6/21
ਸੁਪਰਡੰਟ

ਸੇਵਾ ਵਿਖੇ

1. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ,
2. ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ,
3. ਸਕੱਤਰ, ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ।

ਇਸ ਦਾ ਇਕ ਉਤਾਰਾ ਵਧੀਕ ਮੁੱਖ ਸਕੱਤਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਨੂੰ ਉਨ੍ਹਾਂ ਦੇ ਦਫਤਰ ਦੇ ਨੋਟ ਡਾਇਰੀ ਨੰ. 168-F, ਮਿਤੀ 16-06-2021 ਦੇ ਸਬੰਧ ਵਿੱਚ ਸੂਚਨਾਂ ਹਿੱਤ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਸਬੰਧਤ ਵਿਭਾਗਾਂ ਨਾਲ ਆਪਣੇ ਪੱਧਰ ਤੇ ਤਾਲਮੇਲ ਕੀਤਾ ਜਾਵੇ ਜੀ।

(ਸੀਮਾ ਸਿੰਘ) 30/6/21
ਸੁਪਰਡੰਟ

ਇਸ ਦਾ ਇਕ ਉਤਾਰਾ ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਸੀਮਾ ਸਿੰਘ) 30/6/21
ਸੁਪਰਡੰਟ